ਸ਼ਬਦ

ੴ ਸਤਿਗੁਰ ਪ੍ਰਸਾਦਿ

ਵਾਹਿਗੁਰੂ ਜੀ ਕੀ ਫਤਹਿ

ਰਾਗ ਰਾਮਕਲੀ ਪਾਤਸਾਹੀ ੧੦[1]

ਰੇ ਮਨ ਐਸੋ ਕਰਿ ਸੰਨਿਆਸਾ।
ਬਨ ਸੇ ਸਦਨ ਸਬੈ ਕਰ ਸਮਝਹੁ ਮਨਹੀ ਮਾਹਿ ਉਦਾਸਾ। ੧। ਰਹਾਉ।
ਜਤ ਕੀ ਜਟਾ ਜੋਗ ਕੋ ਮਜਨੁ ਨੇਮ ਕੇ ਨਖੁਨ ਬਢਾਓ।
ਗਿਆਨ ਗੁਰੂ ਆਤਮ ਉਪਦੇਸਹੁ ਨਾਮ ਬਿਭੂਤ ਲਗਾਓ। ੧।
ਅਲਪ ਅਹਾਰ ਸੁਲਪ ਸੀ ਨਿੰਦ੍ਰਾ ਦਯਾ ਛਿਮਾ ਤਨ ਪ੍ਰੀਤਿ।
ਸੀਲ ਸੰਤੋਖ ਸਦਾ ਨਿਰਬਾਹਿਬੋ ਹ੍ਵੈਬੋ ਤ੍ਰਿਗੁਣ ਅਤੀਤ। ੨।
ਕਾਮ ਕ੍ਰੋਧ ਹੰਕਾਰ ਲੋਭ ਹਠ ਮੋਹ ਨ ਮਨ ਮੋ ਲਯਾਵੈ।
ਤਬ ਹੀ ਆਤਮ ਤਤ ਕੋ ਦਰਸੈ ਪਰਮ ਪੁਰਖ ਕਹ ਪਾਵੈ। ੩। ੧।

ਰਾਮਕਲੀ ਪਾਤਸਾਹੀ ੧੦

ਰੇ ਮਨ ਇਹ ਬਿਧਿ ਜੋਗ ਕਮਾਓ।
ਸਿੰਙੀ ਸਾਚੁ ਅਕਪਟ ਕੰਠਲਾ ਧਿਆਨ ਬਿਭੂਤ ਚੜਾਓ। ੧। ਰਹਾਉ।
ਤਾਤੀ ਗਹੁ ਆਤਮ ਬਸਿ ਕਰ ਕੀ ਭਿਛਾ ਨਾਮੁ ਅਧਾਰੰ।
ਬਾਜੈ ਪਰਮ ਤਾਰ ਤਤੁ ਹਰਿ ਕੋ ਉਪਜੈ ਰਾਗ ਰਸਾਰੰ। ੧।
ਉਘਟੈ ਤਾਨ ਤਰੰਗ ਰੰਗਿ ਅਤਿ ਗਿਆਨ ਗੀਤ ਬੰਧਾਨੰ।
ਚਕਿ ਚਕਿ ਰਹੇ ਦੇਵ ਦਾਨਵ ਮੁਨਿ ਛਕਿ ਛਕਿ ਬ੍ਯੋਮ ਬਿਵਾਨੰ। ੨।
ਆਤਮ ਉਪਦੇਸ ਭੇਸੁ ਸੰਜਮ ਕੋ ਜਾਪ ਸੁ ਅਜਪਾ ਜਾਪੈ।
ਸਦਾ ਰਹੈ ਕੰਚਨ ਸੀ ਕਾਯਾ ਕਾਲ ਨ ਕਬਹੂੰ ਬ੍ਯਾਪੈ। ੩। ੨।

ਰਾਮਕਲੀ ਪਾਤਸਾਹੀ ੧੦

ਪ੍ਰਾਨੀ ਪਰਮ ਪੁਰਖ ਪਗਿ ਲਾਗੋ।
ਸੋਵਤ ਕਹਾ ਮੋਹ ਨਿੰਦ੍ਰਾ ਮੈ ਕਬਹੂੰ ਸੁਚਿਤ ਹ੍ਵੈ ਜਾਗੋ। ੧। ਰਹਾਉ।
ਔਰਨ ਕਹਾ ਉਪਦੇਸਤ ਹੈ ਪਸੁ ਤੋਹਿ ਪ੍ਰਬੋਧ ਨ ਲਾਗੋ।
ਸਿੰਚਤ ਕਹਾ ਪਰੇ ਬਿਖਿਯਨ ਕਹ ਕਬਹੂੰ ਬਿਖੈ ਰਸ ਤ੍ਯਾਗੋ। ੧।
ਕੇਵਲ ਕਰਮ ਭਰਮ ਸੇ ਚੀਨਹੋ ਧਰਮ ਕਰਮ ਅਨੁਰਾਗੋ।
ਸੰਗ੍ਰਹਿ ਕਰੋ ਸਦਾ ਸਿਮਰਨ ਕੋ ਪਰਮ ਪਾਪ ਤਜਿ ਭਾਗੋ। ੨।
ਜਾ ਤੇ ਦੂਖ ਪਾਪ ਨਹਿ ਭੇਟੈ ਕਾਲ ਜਾਲ ਤੇ ਤਾਗੋ।
ਜੌ ਸੁਖ ਚਾਹੋ ਸਦਾ ਸਭਨ ਕੌ ਤੌਰ ਹਰਿ ਕੇ ਰਸਿ ਪਾਗੋ। ੩। ੩।

[1] ਪੁਰਾਤਨ ਬੀੜਾਂ ਵਿਚ ਇਨ੍ਹਾਂ ਮਾਂਗਲਿਕ ਉਕਤੀਆਂ ਵਿਚ ਕੁਝ ਕੁਝ ਅੰਤਰ ਹੈ।

ਸ਼ਬਦ

ੴ ਸਤਿਗੁਰ ਪ੍ਰਸਾਦਿ

ਵਾਹਿਗੁਰੂ ਜੀ ਕੀ ਫਤਹਿ

ਰਾਗ ਰਾਮਕਲੀ ਪਾਤਿਸ਼ਾਹੀ ੧੦

ਹੇ ਮਨ! (ਤੂੰ) ਇਸ ਪ੍ਰਕਾਰ ਦਾ ਸੰਨਿਆਸ ਧਾਰਨ ਕਰ। ਸਾਰੇ ਘਰਾਂ ਨੂੰ ਬਨ ਦੇ ਸਮਾਨ ਸਮਝੋ ਅਤੇ ਮਨ ਵਿਚ (ਸਦਾ) ਉਦਾਸ ਰਹੋ।੧। ਰਹਾਉ। ਜਤ ਦੀਆਂ ਜਟਾਵਾਂ, ਯੋਗ ਦਾ ਇਸ਼ਨਾਨ ਅਤੇ ਨੇਮ ਦੇ ਨੌਂਹ ਵਧਾ ਲਵੋ। ਗਿਆਨ ਨੂੰ ਗੁਰੂ ਧਾਰਨ ਕਰ ਕੇ ਆਪਣੇ ਆਪ ਨੂੰ ਉਪਦੇਸ਼ ਦਿਓ ਅਤੇ ਨਾਮ (ਦੇ ਸਿਮਰਨ) ਦੀ ਬਿਭੂਤ (ਸੁਆਹ) ਲਗਾਓ।੧। ਥੋੜਾ ਆਹਾਰ, ਬਹੁਤ ਥੋੜੀ ਜਿਹੀ ਨੀਂਦਰ ਅਤੇ ਦਇਆ ਤੇ ਖਿਮਾ ਨਾਲ ਪ੍ਰੀਤ ਕਰੋ। ਸ਼ੀਲ ਅਤੇ ਸੰਤੋਖ ਨੂੰ ਸਦਾ ਨਿਭਾਂ ਅਤੇ ਤਿੰਨ ਗੁਣਾਂ ਤੋਂ ਨਿਰਲਿਪਤ ਰਹਿ।੨। ਕਾਮ, ਕ੍ਰੋਧ, ਹੰਕਾਰ, ਲੋਭ, ਹਠ, ਮੋਹ, ਨੂੰ ਮਨ ਵਿਚ ਕਦੇ ਨ ਲਿਆ। ਤਦ ਹੀ ਆਤਮ ਤੱਤ ਨੂੰ ਵੇਖ ਸਕੇਂਗਾ ਅਤੇ ਪਰਮ ਪੁਰਖ (ਪਰਮਾਤਮਾ) ਨੂੰ ਪ੍ਰਾਪਤ ਕਰੇਂਗਾ।੩।੧।

ਰਾਮਕਾਲੀ ਪਾਤਸ਼ਾਹੀ ੧੦

ਹੇ ਮਨ! ਇਸ ਤਰ੍ਹਾਂ ਦਾ ਯੋਗ ਕਮਾਓ। ਸਚ ਦੀ ਸਿੰਗੀ, ਅਕਪਟ ਦਾ ਕੈਂਠਾ, ਧਿਆਨ ਦੀ ਵਿਭੂਤੀ ਚੜ੍ਹਾ। ੧। ਰਹਾਉ। ਆਤਮ (ਮਨ) ਨੂੰ ਵਸ ਕਰਨ ਦੀ ਹੱਥ ਵਿਚ ਕਿੰਗਰੀ ਪਕੜ ਅਤੇ ਨਾਮ ਨੂੰ ਭਿਛਿਆ (ਲੈਣ ਲਈ) ਝੋਲੀ (ਆਧਾਰ) ਬਣਾ। ਪਰਮ ਤੱਤ (ਪਰਮਾਤਮਾ) ਨੂੰ ਪ੍ਰਾਪਤ ਕਰਨਾ ਹੀ (ਇਸ ਦੀ) ਤਾਰ ਦਾ ਵਜਣਾ ਹੋਵੇ ਅਤੇ (ਇਸ ਤੋਂ) ਪ੍ਰੇਮ ਦਾ ਰਸੀਲਾ ਰਾਗ ਨਿਕਲੇ।੧। ਪ੍ਰੇਮ ਦੀ ਲਹਿਰ (ਇਸ ਵਿਚੋਂ) ਰਾਗ ਦੀ ਤਾਨ ਵਜੋਂ ਪ੍ਰਗਟ ਹੋਵੇ ਅਤੇ ਗਿਆਨ ਗੀਤਾਂ ਦੀ ਮਰਯਾਦਾ ਹੋਵੇ। (ਅਜਿਹੀ ਸਥਿਤੀ ਨੂੰ) ਵੇਖ ਕੇ ਦੇਵਤੇ, ਦੈਂਤ ਅਤੇ ਮੁਨੀ ਹੈਰਾਨ ਹੋ ਰਹੇ ਹੋਣ ਅਤੇ ਬਿਮਾਨਾਂ ਵਿਚ ਚੜ੍ਹ ਕੇ ਸ਼ੋਭਾ ਪ੍ਰਾਪਤ ਕਰਨ।੨। ਮਨ ਅਥਵਾ ਆਤਮਾ (ਨੂੰ ਕਾਬੂ ਕਰਨਾ) ਉਪਦੇਸ ਹੋਵੇ, ਸੰਜਮ ਨੂੰ ਧਾਰਨਾ ਭੇਸ ਹੋਵੇ ਅਤੇ ਅਜਪਾ ਜਾਪ ਕਰਨਾ ਹੀ ਜਾਪ ਹੋਵੇ। (ਅਜਿਹੇ ਯੋਗ ਦੇ ਕਮਾਉਣ ਨਾਲ) ਕਾਇਆ ਸਦਾ ਸੋਨੇ ਵਾਂਗ ਬਣੀ ਰਹੇਗੀ ਅਤੇ ਕਦੇ ਵੀ ਕਾਲ ਨਹੀਂ ਵਿਆਪੇਗਾ।੩।੨।

ਰਾਮਕਲੀ ਪਾਤਸ਼ਾਹੀ ੧੦

ਹੇ ਪ੍ਰਾਣੀ! ਪਰਮ ਪੁਰਖ ਦੇ ਚਰਨੀ ਲਗ ਜਾਓ। ਮੋਹ ਦੀ ਨੀਂਦ ਵਿਚ ਕਿਸ ਲਈ ਸੌਂ ਰਹੇ ਹੋ? ਕਦੇ ਤਾਂ ਸੁਚੇਤ ਹੋ ਕੇ ਜਾਗੋ।੧। ਰਹਾਉ। ਹੇ ਮੂਰਖ! ਹੋਰਾਂ ਨੂੰ ਕੀ ਉਪਦੇਸ਼ ਕਰਦਾ ਹੈਂ? ਤੈਨੂੰ (ਆਪ ਨੂੰ) ਉਪਦੇਸ਼ ਨਹੀਂ ਲਗਦਾ। ਵਿਸ਼ਿਆਂ ਨੂੰ ਕਿਉਂ ਸਿੰਜ ਰਿਹਾ ਹੈਂ, ਕਦੇ ਤਾਂ ਵਿਸ਼ਿਆਂ ਦੇ ਰਸ ਨੂੰ ਤਿਆਗ ਦਿਓ।੧। ਕੇਵਲ ਕਰਮ ਕਰਨਾ ਭਰਮ ਵਰਗਾ ਹੀ ਸਮਝੋ ਅਤੇ ਧਰਮ-ਕਰਮ ਨਾਲ ਪ੍ਰੇਮ ਕਰੋ। ਸਦਾ ਸਿਮਰਨ ਨੂੰ ਇਕਤਰ ਕਰੋ ਅਤੇ ਮਹਾਂ ਪਾਪਾਂ ਨੂੰ ਛਡ ਕੇ (ਇਨ੍ਹਾਂ ਤੋਂ) ਦੂਰ ਹੋ ਜਾਓ।੨। (ਅਜਿਹਾ ਕੰਮ ਕਰੋ) ਜਿਸ ਕਰ ਕੇ ਦੁਖ ਅਤੇ ਪਾਪ ਨ ਛੋਹਣ; ਅਤੇ ਕਾਲ ਜਾਲ ਨੂੰ ਸਮਝ ਸਕੋ। ਜੇ ਸਦਾ ਸਭ ਤਰ੍ਹਾਂ ਦਾ ਸੁਖ ਚਾਹੁੰਦੇ ਹੋ, ਤਾਂ ਹਰਿ ਦੇ ਪ੍ਰੇਮ ਵਿਚ ਮਗਨ ਹੋ ਜਾਓ।੩।੩।

ਰਾਗ ਸੋਰਠ ਪਾਤਸ਼ਾਹੀ ੧੦

ਰਾਗ ਸੋਰਠਿ ਪਾਤਸਾਹੀ ੧੦

ਪ੍ਰਭ ਜੂ ਤੋ ਕਹ ਲਾਜ ਹਮਾਰੀ।
ਨੀਲਕੰਠ ਨਰਹਰਿ ਨਾਰਾਇਣ ਨੀਲ ਬਸਨ ਬਨਵਾਰੀ। ੧। ਰਹਾਉ।
ਪਰਮ ਪੁਰਖ ਪਰਮੇਸੁਰ ਸੁਆਮੀ ਪਾਵਨ ਪਉਨ ਅਹਾਰੀ।
ਮਾਧਵ ਮਹਾ ਜੋਤਿ ਮਧੁ ਮਰਦਨ ਮਾਨ ਮੁਕੰਦ ਮੁਰਾਰੀ। ੧।
ਨਿਰਬਿਕਾਰ ਨਿਰਜੁਰ ਨਿਦ੍ਰਾ ਬਿਨੁ ਨਿਰਬਿਖ ਨਰਕ ਨਿਵਾਰੀ।
ਕ੍ਰਿਪਾ ਸਿੰਧੁ ਕਾਲ ਤ੍ਰੈ ਦਰਸੀ ਕੁਕ੍ਰਿਤ ਪ੍ਰਨਾਸਨ ਕਾਰੀ। ੨।
ਧਨੁਰ ਪਾਨ ਧ੍ਰਿਤਮਾਨ ਧਰਾਧਰ ਅਨਿਬਿਕਾਰ ਅਸਿ ਧਾਰੀ।
ਹਉ ਮਤਿ ਮੰਦ ਚਰਨ ਸਰਨਾਗਤਿ ਕਰ ਗਹਿ ਲੇਹੁ ਉਬਾਰੀ। ੩। ੧। ੪।

ਰਾਗ ਕਲਿਆਣ ਪਾਤਸਾਹੀ ੧੦

ਬਿਨੁ ਕਰਤਾਰ ਨ ਕਿਰਤਮ ਮਾਨੋ।
ਆਦਿ ਅਜੋਨਿ ਅਜੈ ਅਬਿਨਾਸੀ ਤਿਹ ਪਰਮੇਸੁਰ ਜਾਨੋ। ੧। ਰਹਾਉ।
ਕਹਾ ਭਯੋ ਜੋ ਆਨਿ ਜਗਤ ਮੈ ਦਸਕੁ ਅਸੁਰ ਹਰਿ ਘਾਏ।
ਅਧਿਕ ਪ੍ਰਪੰਚ ਦਿਖਾਇ ਸਭਨ ਕਹ ਆਪਹਿ ਬ੍ਰਹਮੁ ਕਹਾਏ। ੧।
ਭੰਜਨ ਗੜ੍ਹਨ ਸਮਰਥ ਸਦਾ ਪ੍ਰਭ ਸੋ ਕਿਮ ਜਾਤਿ ਗਿਨਾਯੋ।
ਤਾ ਤੇ ਸਰਬ ਕਾਲ ਕੇ ਅਸਿ ਕੋ ਘਾਇ ਬਚਾਇ ਨ ਆਯੋ। ੨।
ਕੈਸੇ ਤੋਹਿ ਤਾਰਿ ਹੈ ਸੁਨਿ ਜੜ ਆਪ ਡੁਬਯੋ ਭਵ ਸਾਗਰ।
ਛੁਟਿ ਹੋ ਕਾਲ ਫਾਸ ਤੇ ਤਬ ਹੀ ਗਹੋ ਸਰਨਿ ਜਗਤਾਗਰ। ੩। ੧। ੫।

ਖ੍ਯਾਲ ਪਾਤਿਸਾਹੀ ੧੦

ਮਿਤ੍ਰ ਪਿਆਰੇ ਨੂੰ ਹਾਲੁ ਮੁਰੀਦਾ ਦਾ ਕਹਣਾ।
ਤੁਧੁ ਬਿਨੁ ਰੋਗੁ ਰਜਾਇਯਾ ਦਾ ਓਢਣੁ ਨਾਗ ਨਿਵਾਸਾ ਦਾ ਰਹਣਾ।
ਸੂਲ ਸੁਰਾਹੀ ਖੰਜਰ ਪਿਯਾਲਾ ਬਿੰਗੁ ਕਸਾਇਯਾ ਦਾ ਸਹਣਾ।
ਯਾਰੜੇ ਦਾ ਸਾਨੂੰ ਸਥਰ ਚੰਗਾ ਭਠ ਖੇੜਿਆਂ ਦਾ ਰਹਣਾ। ੧। ੧। ੬।

ਰਾਗ ਤਿਲੰਗ ਕਾਫੀ ਪਾਤਸਾਹੀ ੧੦

ਕੇਵਲ ਕਾਲ ਈ ਕਰਤਾਰ।
ਆਦਿ ਅੰਤਿ ਅਨੰਤ ਮੂਰਤਿ ਗੜ੍ਹਨ ਭੰਜਨ ਹਾਰ। ੧। ਰਹਾਉ।
ਨਿੰਦ ਉਸਤਤਿ ਜਉਨ ਕੇ ਸਮ ਸਤ੍ਰ ਮਿਤ੍ਰ ਨ ਕੋਇ।
ਕਉਨ ਬਾਟ ਪਰੀ ਤਿਸੈ ਪਥ ਸਾਰਥੀ ਰਥ ਹੋਇ। ੧।
ਤਾਤ ਮਾਤ ਨ ਜਾਤਿ ਜਾਕਰ ਪੁਤ੍ਰ ਪੌਤ੍ਰ ਮੁਕੰਦ।
ਕਉਨ ਕਾਜ ਕਹਹਿਗੇ ਤੇ ਆਨਿ ਦੇਵਿਕ ਨੰਦ। ੨।
ਦੇਵ ਦੈਤ ਦਿਸਾ ਵਿਸਾ ਜਿਹ ਕੀਨ ਸਰਬ ਪਸਾਰ।
ਕਉਨ ਉਪਮਾ ਤੌਨ ਕੌ ਮੁਖਿ ਲੇਤ ਨਾਮੁ ਮੁਰਾਰਿ। ੩। ੧। ੭।

ਸਹੇ ਪ੍ਰਭੂ ਜੀ! ਤੁਹਾਨੂੰ ਮੇਰੀ ਲਾਜ ਹੈ। (ਤੁਸੀਂ) ਨੀਲ ਕੰਠ, ਨਰ ਹਰਿ, ਨਾਰਾਇਣ, ਨੀਲੇ ਬਸਤ੍ਰਾਂ ਵਾਲੇ ਅਤੇ ਬਨਵਾਰੀ ਹੋ। ੧। ਰਹਾਉ। ਹੇ ਪਰਮ ਪੁਰਖ, ਪਰਮੇਸਰ, ਸੁਆਮੀ, ਪਾਵਨ ਅਤੇ ਪੌਣ ਆਹਾਰੀ, ਮਾਧਵ, ਮਹਾ ਜੋਤਿ ਵਾਲੇ, ਮਧੁ ਦੇ ਮਾਨ ਦਾ ਮਰਦਨ ਕਰਨ ਵਾਲੇ, ਮੁਕੰਦ, ਮੁਰਾਰੀ।੧। ਨਿਰਵਿਕਾਰ, ਨਿਰਜੁਰ (ਬੁਢਾਪੇ ਤੋਂ ਪਰੇ), ਨੀਂਦਰ-ਰਹਿਤ, ਵਿਸ਼ੇ ਵਾਸਨਾਵਾਂ ਤੋਂ ਪਰੇ, ਨਰਕ ਤੋਂ ਬਚਾਉਣ ਵਾਲੇ। ਕ੍ਰਿਪਾ ਦੇ ਸਮੁੰਦਰ, ਤ੍ਰੈਕਾਲ ਦਰਸੀ, ਮਾੜੇ ਕਰਮਾਂ ਨੂੰ ਨਸ਼ਟ ਕਰਨ ਵਾਲੇ।੨। ਹੱਥ ਵਿਚ ਧਨੁਸ਼ ਧਾਰਨ ਕਰਨ ਵਾਲੇ, ਧੀਰਜਵਾਨ, ਧਰਤੀ ਨੂੰ ਧਾਰਨ ਕਰਨ ਵਾਲੇ, ਵਿਕਾਰਾਂ ਤੋਂ ਰਹਿਤ, ਤਲਵਾਰ ਧਾਰਨ ਕਰਨ ਵਾਲੇ! ਮੈਂ ਮੰਦ ਬੁੱਧੀਵਾਲਾ (ਤੇਰੇ) ਚਰਨਾਂ ਦੀ ਓਟ ਵਿਚ ਆਇਆ ਹਾਂ; ਮੇਰਾ ਹੱਥ ਪਕੜ ਕੇ (ਸੰਸਾਰ ਸਾਗਰ ਤੋਂ) ਬਾਹਰ ਕਢ ਲਵੋ।੩।੧।੪।

ਰਾਗ ਕਲਿਆਣ ਪਾਤਿਸਾਹੀ ੧੦

ਬਿਨਾ ਕਰਤਾਰ ਦੇ (ਹੋਰ) ਕਿਸੇ ਕੀਤੇ ਹੋਏ (ਜਾਂ ਸਿਰਜੇ ਹੋਏ) ਨੂੰ ਨ ਮਨੋ। (ਜੋ) ਆਦਿ, ਅਜੂਨ, ਅਜੈ, ਅਬਿਨਾਸੀ ਹੈ, ਉਸ ਨੂੰ ਪਰਮੇਸਰ ਜਾਣੋ। ੧। ਰਹਾਉ। ਕੀ ਹੋਇਆ ਜੇ ਵਿਸ਼ਣੂ (ਹਰਿ) ਨੇ ਜਗਤ ਵਿਚ ਆ ਕੇ ਦਸ ਕੁ ਦੈਂਤ ਮਾਰ ਦਿੱਤੇ ਹਨ। ਸਾਰਿਆਂ ਨੂੰ ਬਹੁਤ ਪ੍ਰਪੰਚ (ਆਡੰਬਰ) ਵਿਖਾ ਕੇ ਆਪਣੇ ਆਪ ਨੂੰ ਬ੍ਰਹਮ ਅਖਵਾਉਣ ਲਗ ਪਿਆ।੧। (ਜੋ) ਪ੍ਰਭੂ ਸਦਾ ਭੰਨਣ ਅਤੇ ਘੜਨ ਦੀ ਸਮਰਥਾ ਰਖਦਾ ਹੈ, ਉਸ ਨੂੰ (ਵਿਸ਼ਣੂ) ਕਿਵੇਂ ਮੰਨਿਆ ਜਾ ਸਕਦਾ ਹੈ। ਇਸ ਲਈ ਕਿ (ਉਹ) ਸਰਬ ਕਾਲ ਦੀ ਤਲਵਾਰ ਦੇ ਵਾਰ ਤੋਂ (ਆਪਣੇ ਆਪ ਨੂੰ) ਬਚਾ ਨਹੀਂ ਸਕਿਆ।੨। ਹੇ ਮੂਰਖ! ਸੁਣ। (ਉਹ) ਤੈਨੂੰ ਕਿਸ ਤਰ੍ਹਾਂ ਤਾਰੇਗਾ ਜੋ ਆਪ ਭਵਸਾਗਰ ਵਿਚ ਡੁਬਿਆ ਹੋਇਆ ਹੈ। ਜਦੋਂ ਜਗਤ ਦੇ ਸੋਮੇਂ (ਜਗਤਾਗਰ) ਦੀ ਸ਼ਰਨ ਵਿਚ ਜਾਏਂਗਾ, ਤਦ ਹੀ ਕਾਲ ਦੀ ਫਾਹੀ ਤੋਂ ਮੁਕਤ ਹੋ ਸਕੇਂਗਾ।੩।੧।੫।

ਖਿਆਲ ਪਾਤਿਸ਼ਾਹੀ ੧੦

ਪਿਆਰੇ ਮਿਤਰ (ਪ੍ਰਭੂ) ਨੂੰ (ਅਸਾਂ) ਮੁਰੀਦਾਂ ਦਾ ਹਾਲ (ਜਾ ਕੇ) ਕਹਿਣਾ। ਤੇਰੇ ਬਿਨਾ ਰਜ਼ਾਈਆਂ ਦਾ ਓੜਨਾ ਰੋਗ ਦੇ ਸਮਾਨ ਹੈ ਅਤੇ ਨਿਵਾਸ ਸਥਾਨਾਂ ਵਿਚ ਰਹਿਣਾ ਨਾਗਾਂ ਵਿਚ (ਰਹਿਣਾ ਹੈ)। (ਤੁਹਾਡੇ ਬਿਨਾ) ਸੁਰਾਹੀ ਸੂਲ ਵਰਗੀ, ਪਿਆਲਾ ਖ਼ੰਜਰ ਦੇ ਸਮਾਨ ਅਤੇ (ਵਿਯੋਗ) ਕਸਾਈਆਂ ਦੇ ਵਿੰਗੇ ਛੁਰੇ (ਦੀ ਸਟ ਨੂੰ) ਸਹਿਨ ਕਰਨ ਦੇ ਸਮਾਨ ਹਨ। ਯਾਰ (ਮਿਤਰ) ਦਾ ਦਿੱਤਾ ਹੋਇਆ ਸਥਰ (ਭੂਮੀ-ਆਸਨ) ਸਾਨੂੰ ਚੰਗਾ ਹੈ, (ਪਰ ਉਸ ਤੋਂ ਵਿਛੁੜ ਕੇ ਸੁਖ ਪੂਰਵਕ) ਪਿੰਡ ਵਿਚ ਸੌਣਾ ਭਠ ਵਿਚ ਰਹਿਣ ਵਰਗਾ ਹੈ।੧।੧।੬।

ਰਾਗ ਤਿਲੰਗ ਕਾਫੀ ਪਾਤਿਸ਼ਾਹੀ ੧੦

ਕੇਵਲ ਕਾਲ ਹੀ ਸਭ ਦਾ ਕਰਤਾ ਹੈ। ਆਦਿ ਤੋਂ ਅੰਤ ਤਕ ਅਨੰਤ ਮੂਰਤਾਂ ਬਣਾਉਣ ਅਤੇ ਭੰਨਣ ਵਾਲਾ ਹੈ।੧। ਰਹਾਉ। ਜਿਸ ਲਈ ਨਿੰਦਿਆ ਅਤੇ ਉਸਤਤ ਇਕ ਸਮਾਨ ਹੈ ਅਤੇ (ਜਿਸ ਦਾ) ਕੋਈ ਵੈਰੀ ਜਾਂ ਮਿਤਰ ਨਹੀਂ ਹੈ। ਉਸ ਨੂੰ ਕਿਹੜੀ ਔਖ ਆ ਬਣੀ ਸੀ ਕਿ ਉਹ ਅਰਜਨ (ਪਥ-ਪਾਰਥ) ਦਾ ਰਥਵਾਨ ਬਣਿਆ ਸੀ।੧। ਜਿਸ ਮੁਕੰਦ ਦਾ ਨ ਪਿਤਾ ਹੈ, ਨ ਮਾਤਾ, ਨ ਕੋਈ ਜਾਤਿ ਹੈ, ਨ ਕੋਈ ਪੁੱਤਰ ਪੋਤਰਾ ਹੈ। (ਫਿਰ ਉਹ) ਆ ਕੇ ਕਿਸ ਵਾਸਤੇ ਦੇਵਕੀ ਦਾ ਪੁੱਤਰ ਅਖਵਾਇਆ ਹੈ।੨। ਜਿਸਨੇ ਦੇਵਤੇ, ਦੈਂਤ, ਦਿਸ਼ਾ-ਵਿਦਿਸ਼ਾ ਅਤੇ ਸਾਰਾ ਖੇਲ ਪਸਾਰਾ ਕੀਤਾ ਹੈ। ਉਸ ਦੀ ਕਿਹੜੀ ਉਪਮਾ ਹੋਈ ਜੇ (ਉਸਨੂੰ) ਮੁਖ ਤੋਂ ਮੁਰਾਰੀ ਕਿਹਾ ਜਾਏ।੩।੧।੭।

ਰਾਗ ਬਿਲਾਵਲ ਪਾਤਸ਼ਾਹੀ ੧੦

ਉਸਨੂੰ ਕਿਸ ਤਰ੍ਹਾਂ ਮਨੁੱਖ ਰੂਪ ਵਾਲਾ ਕਿਹਾ ਜਾ ਸਕਦਾ ਹੈ। (ਜਿਸ ਦੇ ਦਰਸ਼ਨ ਕਰਨ

ਰਾਗ ਬਿਲਾਵਲੁ ਪਾਤਸਾਹੀ ੧੦

ਸੋ ਕਿਮ ਮਾਨਸ ਰੂਪ ਕਹਾਏ।
ਸਿਧ ਸਮਾਧਿ ਸਾਧ ਕਰ ਹਾਰੇ ਕ੍ਯੋ ਹੂੰ ਨ ਦੇਖਨ ਪਾਏ। ੧। ਰਹਾਉ।
ਨਾਰਦ ਬਿਆਸ ਪਰਾਸਰ ਧ੍ਰੂਅ ਸੇ ਧਿਆਵਤ ਧਿਆਨ ਲਗਾਏ।
ਬੇਦ ਪੁਰਾਨ ਹਾਰਿ ਹਠ ਛਾਡਿਓ ਤਦਪਿ ਧਿਆਨ ਨ ਆਏ। ੧।
ਦਾਨਵ ਦੇਵ ਪਿਸਾਚ ਪ੍ਰੇਤ ਤੇ ਨੇਤਹ ਨੇਤ ਕਹਾਏ।
ਸੂਛਮ ਤੇ ਸੂਛਮ ਕਰ ਚੀਨੇ ਬ੍ਰਿਧਨ ਬ੍ਰਿਧ ਬਤਾਏ। ੨।
ਭੂਮਿ ਅਕਾਸ ਪਤਾਲ ਸਭੈ ਸਜਿ ਏਕ ਅਨੇਕ ਸਦਾਏ।
ਸੋ ਨਰ ਕਾਲ ਫਾਸ ਤੇ ਬਾਚੇ ਜੋ ਹਰਿ ਸਰਣਿ ਸਿਧਾਏ। ੩। ੧। ੮।

ਰਾਗ ਦੇਵਗੰਧਾਰੀ ਪਾਤਸਾਹੀ ੧੦

ਇਕ ਬਿਨ ਦੂਸਰ ਸੋ ਨ ਚਿਨਾਰ।
ਭੰਜਨ ਗੜਨ ਸਮਰਥ ਸਦਾ ਪ੍ਰਭ ਜਾਨਤ ਹੈ ਕਰਤਾਰ। ੧। ਰਹਾਉ।
ਕਹਾ ਭਇਓ ਜੋ ਅਤਿ ਹਿਤ ਚਿਤਿ ਕਰਿ ਬਹੁ ਬਿਧਿ ਸਿਲਾ ਪੁਜਾਈ।
ਪ੍ਰਾਨ ਥਕਿਓ ਪਾਹਨ ਕਹ ਪਰਸਤ ਕਛੁ ਕਰਿ ਸਿਧ ਨ ਆਈ। ੧।
ਅਛਤ ਧੂਪ ਦੀਪ ਅਰਪਤ ਹੈ ਪਾਹਨ ਕਛੂ ਨ ਖੈ ਹੈ।
ਤਾ ਮੈ ਕਹਾ ਸਿਧਿ ਹੈ ਰੇ ਜੜ ਤੋਹਿ ਕਛੂ ਬਰੁ ਦੈ ਹੈ। ੨।
ਜੌ ਜਿਯ ਹੋਤ ਤੌ ਦੇਤ ਕਛੁ ਤੁਹਿ ਮਨ ਬਚ ਕਰਮ ਬਿਚਾਰੁ।
ਕੇਵਲ ਏਕ ਸਰਣਿ ਸੁਆਮੀ ਬਿਨੁ ਯੋ ਨਹਿ ਕਤਹਿ ਉਧਾਰ। ੩। ੧। ੯।

ਰਾਗ ਦੇਵਗੰਧਾਰੀ ਪਾਤਸਾਹੀ ੧੦

ਬਿਨੁ ਹਰਿ ਨਾਮੁ ਨ ਬਾਚਨ ਪੈ ਹੈ।
ਚੌਦਹ ਲੋਕ ਜਾਹਿ ਬਸਿ ਕੀਨੇ ਤਾਤੇ ਕਹਾ ਪਲੈ ਹੈ। ੧। ਰਹਾਉ।
ਰਾਮ ਰਹੀਮ ਉਬਾਰ ਨ ਸਕ ਹੈ ਜਾ ਕਰ ਨਾਮ ਰਟੈ ਹੈ।
ਬ੍ਰਹਮਾ ਬਿਸਨੁ ਰੁਦ੍ਰ ਸੂਰਜ ਸਸਿ ਤੇ ਬਸਿ ਕਾਲ ਸਬੈ ਹੈ। ੧।
ਬੇਦ ਪੁਰਾਨ ਕੁਰਾਨ ਸਬੈ ਮਤ ਜਾ ਕਰ ਨੇਤਿ ਕਹੈ ਹੈ।
ਇੰਦ੍ਰ ਫਨਿੰਦ੍ਰ ਮੁਨਿੰਦ੍ਰ ਕਲਪ ਬਹੁ ਧਿਆਵਤ ਧਿਆਨ ਨ ਐ ਹੈ। ੨।
ਜਾ ਕਰ ਰੂਪ ਰੰਗ ਨਹਿ ਜਨਿਯਤਿ ਸੋ ਕਿਮਿ ਸ੍ਯਾਮ ਕਹੈ ਹੈ।
ਛੁਟ ਹੋ ਕਾਲ ਜਾਲ ਤੇ ਤਬ ਹੀ ਤਾਹਿ ਚਰਨਿ ਲਪਟੈ ਹੈ। ੩। ੧। ੧੦।

ਲਈ) ਸਿੱਧ ਲੋਗ ਸਮਾਧੀ ਲਗਾ ਲਗਾ ਕੇ ਹਾਰ ਗਏ ਹਨ (ਪਰ) ਕਿਵੇਂ ਵੀ ਵੇਖ ਨਹੀਂ ਸਕੇ। ੧। ਰਹਾਉ। ਨਾਰਦ, ਬਿਆਸ, ਪਰਾਸ਼ਰ ਅਤੇ ਧਰੂ ਵਰਗੇ (ਜਿਸਦਾ) ਧਿਆਨ ਲਗਾ ਕੇ ਧਿਆਉਂਦੇ ਰਹੇ ਹਨ। ਵੇਦਾਂ ਅਤੇ ਪੁਰਾਨਾਂ ਨੇ ਹਾਰ ਕੇ ਹਠ ਛਡ ਦਿੱਤਾ ਹੈ, ਪਰ ਫਿਰ ਵੀ (ਉਨ੍ਹਾਂ ਦੇ) ਧਿਆਨ ਵਿਚ ਨਹੀਂ ਆਇਆ।੧। ਦਾਨਵ, ਦੇਵਤੇ, ਪਿਸ਼ਾਚ, ਪ੍ਰੇਤ ਵੀ ਉਸ ਨੂੰ ਨੇਤਿ ਨੇਤਿ (ਬੇਅੰਤ ਬੇਅੰਤ) ਕਹਿੰਦੇ ਹਨ। ਸੂਖਮ ਤੋਂ ਸੂਖਮ (ਉਹੀ) ਜਾਣਿਆ ਜਾਂਦਾ ਹੈ ਅਤੇ ਵੱਡੇ ਤੋਂ ਵੱਡਾ ਵੀ ਉਹੀ ਦਸਿਆ ਜਾਂਦਾ ਹੈ।੨। ਧਰਤੀ, ਆਕਾਸ਼, ਪਾਤਾਲ ਆਦਿ ਸਭ ਨੂੰ ਬਣਾ ਕੇ ਉਹ ਇਕ ਤੋਂ ਅਨੇਕ ਰੂਪਾਂ ਵਾਲਾ ਸਦਵਾਇਆ ਹੈ। ਓਹੀ ਪੁਰਸ਼ ਕਾਲ ਦੀ ਫਾਹੀ ਤੋਂ ਬਚ ਸਕਦਾ ਹੈ ਜੋ ਹਰਿ ਦੀ ਸ਼ਰਨ ਵਿਚ ਜਾਂਦਾ ਹੈ।੩।੧।੮।

ਰਾਗ ਦੇਵ ਗੰਧਾਰੀ ਪਾਤਿਸ਼ਾਹੀ ੧੦

ਇਕ ਪਰਮਾਤਮਾ ਤੋਂ ਬਿਨਾ (ਕਿਸੇ) ਦੂਜੇ ਨੂੰ ਨ ਪਛਾਣੋ। (ਜੋ) ਪ੍ਰਭੂ ਸਦਾ ਘੜਨ ਅਤੇ ਭੰਨਣ ਦੇ ਸਮਰਥ ਹੈ, ਉਹ ਕਰਤਾਰ ਸਭ ਕੁਝ ਜਾਣਦਾ ਹੈ।੧।ਰਹਾਉ। ਕੀ ਹੋਇਆ ਜੇ ਬਹੁਤ ਹਿਤ ਚਿਤ ਨਾਲ ਬਹੁਤ ਤਰ੍ਹਾਂ ਪਥਰਾਂ ਦੀ ਪੂਜਾ ਕੀਤੀ ਹੈ। ਪੱਥਰਾਂ ਨੂੰ ਪੂਜਦਿਆਂ ਪੂਜਦਿਆਂ ਪ੍ਰਾਣ ਥਕ ਗਏ ਹਨ (ਅਰਥਾਤ ਜੀਵਨ ਦਾ ਅੰਤ ਹੋ ਗਿਆ ਹੈ), ਪਰ (ਅਜੇ ਤਕ) ਕੋਈ ਸਿੱਧੀ ਹੱਥ ਨਹੀਂ ਲਗੀ।੧। ਚਾਵਲ, ਧੂਪ ਅਤੇ ਦੀਪਕ ਆਦਿ ਅਰਪਿਤ ਕੀਤੇ ਹਨ, (ਪਰ) ਪੱਥਰ ਕੁਝ ਨਹੀਂ ਖਾਂਦਾ। ਹੇ ਮੂਰਖ! ਉਸ ਵਿਚ ਕੀ ਸਿੱਧੀ ਹੈ ਜੋ ਤੈਨੂੰ ਕੁਝ ਵਰ ਦੇਵੇਗਾ।੨। ਤੂੰ ਮਨ, ਬਾਣੀ ਅਤੇ ਕਰਮ ਕਰਕੇ ਵਿਚਾਰ ਲੈ ਕਿ ਜੇ ਉਸ ਵਿਚ ਜੀਵਨ ਹੁੰਦਾ ਤਾਂ ਤੈਨੂੰ ਕੁਝ ਜ਼ਰੂਰ ਦਿੰਦਾ। ਕੇਵਲ ਇਕ ਸੁਆਮੀ ਦੀ ਸ਼ਰਨ ਵਿਚ ਜਾਣ ਤੋਂ ਬਿਨਾ (ਹੋਰ) ਕਿਸੇ ਤਰ੍ਹਾਂ ਵੀ (ਤੇਰਾ) ਉਧਾਰ ਨਹੀਂ ਹੋਵੇਗਾ।੩।੧।੯।

ਰਾਗ ਦੇਵਗੰਧਾਰੀ ਪਾਤਿਸ਼ਾਹੀ ੧੦

(ਕੋਈ ਵੀ) ਹਰਿ ਨਾਮ ਤੋਂ ਬਿਨਾ (ਕਾਲ ਤੋਂ) ਬਚ ਨਹੀਂ ਸਕੇਗਾ। ਜਿਸ ਕਾਲ ਨੇ ਚੌਦਾਂ ਲੋਕ ਵਸ ਵਿਚ ਕੀਤੇ ਹੋਏ ਹਨ, ਉਸ ਤੋਂ ਕਿਥੇ ਭਜ ਕੇ ਜਾਵੇਂਗਾ। ੧। ਰਹਾਉ। ਰਾਮ ਅਤੇ ਰਹੀਮ ਵੀ (ਉਸਨੂੰ) ਉਬਾਰ ਨਹੀਂ ਸਕਦੇ, ਜਿਨ੍ਹਾਂ ਦੇ (ਨਾਮ ਤੂੰ) ਰਟਦਾ ਹੈਂ, ਬ੍ਰਹਮਾ, ਵਿਸ਼ਣੂ, ਰੁਦ੍ਰ, ਸੂਰਜ, ਚੰਦ੍ਰਮਾ ਆਦਿ ਸਾਰੇ ਕਾਲ ਦੇ ਵਸ ਵਿਚ ਹਨ।੧। ਵੇਦ, ਕੁਰਾਨ, ਪੁਰਾਨ (ਆਦਿ ਧਰਮ ਪੁਸਤਕਾਂ) ਦੇ ਸਾਰੇ ਮਤ ਜਿਸ ਨੂੰ ਨੇਤਿ ਨੇਤਿ (ਬੇਅੰਤ ਬੇਅੰਤ) ਕਹਿੰਦੇ ਹਨ। ਇੰਦਰ, ਸ਼ੇਸ਼ਨਾਗ, ਮਹਾਮੁਨੀ (ਆਦਿ ਜਿਸ ਨੂੰ) ਬਹੁਤ ਕਲਪਾਂ ਤਕ ਧਿਆਉਂਦੇ ਰਹੇ ਹਨ (ਪਰ ਉਹ ਫਿਰ ਵੀ) ਧਿਆਨ ਵਿਚ ਨਹੀਂ ਆਇਆ।੨। ਜਿਸਦਾ ਕੋਈ ਰੂਪ ਰੰਗ ਨਹੀਂ ਜਾਣਿਆ ਜਾਂਦਾ, (ਉਸ ਨੂੰ) ਕਿਸ ਤਰ੍ਹਾਂ ਸ਼ਿਆਮ ਕਿਹਾ ਜਾ ਸਕਦਾ ਹੈ। ਕਾਲ ਦੇ ਜਾਲ ਤੋਂ ਤਦ ਹੀ ਖਲਾਸ ਹੋਏਂਗਾ (ਜੇ) ਉਸ (ਪ੍ਰਭੂ) ਦੇ ਚਰਨਾਂ ਨਾਲ ਲਿਪਟ ਜਾਏਂਗਾ।੩।੧।੧੦।